ਸ੍ਰੀ ਮੁਕਤਸਰ ਸਾਹਿਬ ਪੁਲਿਸ ਅਤੇ ਐਕਸਾਈਜ਼ ਵਿਭਾਗ ਵੱਲੋਂ ਸਾਂਝੇ ਤੌਰ ਤੇ ਚਲਾਇਆ ਸਰਚ ਆਪਰੇਸ਼ਨ 15500 ਲੀਟਰ ਲਾਹਣ ਨੂੰ ਕੀਤਾ ਨਸ਼ਟ ।



ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ੍ਰੀ ਗੌਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਅਤੇ ਸ ਗੁਰਸ਼ਰਨ ਸਿੰਘ ਸੰਧੂ ਆਈ.ਜੀ.ਪੀ ਫਰੀਦਕੋਟ ਰੇਂਜ ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ IPS ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਵੱਲੋ ਨਸ਼ਾ ਤਸਕਰਾਂ ਅਤੇ ਸ਼ਰਾਰਤੀ ਅਨਸਰਾਂ ਖਿਲਾਫ ਮੁਹਿੰਮ ਵਿੱਢੀ ਗਈ ਹੈ। ਜਿਸ ਤਹਿਤ ਸ.ਫਤਿਹ ਸਿੰਘ ਬਰਾੜ ਪੀ.ਪੀ.ਐਸ. ਉਪ ਕਪਤਾਨ ਪੁਲਿਸ (ਲੰਬੀ) ਦੀ ਨਿਗਰਾਨੀ ਹੇਠ ਸਬ-ਡਵੀਜਨ ਲੰਬੀ ਦੇ ਥਾਣਾ ਕਬਰਵਾਲਾ ਦੇ ਅਧੀਨ ਪੈਂਦੇ ਪਿੰਡ ਕੱਟਿਆਵਾਲੀ ਦੇ ਨਾਲ ਲੱਗਦੀ ਗੰਗਾ ਨਹਿਰ ਦੇ ਨਾਲ ਨਾਲ ਸਰਚ ਆਪਰੇਸ਼ਨ ਚਲਾਇਆ ਗਿਆ। ਇਸ ਸਰਚ ਆਪਰੇਸ਼ਨ ਦੌਰਾਨ ਐਸ.ਆਈ. ਗੁਰਮੀਤ ਸਿੰਘ ਮੁੱਖ ਅਫਸਰ ਥਾਣਾ ਕਬਰਵਾਲਾ ਸਬ-ਡਵੀਜਨ ਲੰਬੀ ਦੀ ਪੁਲਿਸ ਫੋਰਸ ਸਮੇਤ ਐਕਸਾਇਜ ਵਿਭਾਗ ਦੇ ਨਰਿੰਦਰ ਕੁਮਾਰ EO (ਸ੍ਰੀ ਮੁਕਤਸਰ ਸਾਹਿਬ) ਅਤੇ ਸੁਖਵਿੰਦਰ ਸਿੰਘ EI (ਮਲੋਟ) ਅਤੇ ਉਹਨਾਂ ਦੀ ਟੀਮ ਹਾਜ਼ਰ ਸਨ। ਇਸ ਸਰਚ ਅਪ੍ਰੇਸ਼ਨ ਦੌਰਾਨ 15,500 ਲੀਟਰ ਲਾਹਣ ਬ੍ਰਾਮਦ ਹੋਈ। ਜਿਸ ਨੂੰ ਐਕਸਾਇਜ ਵਿਭਾਗ ਵੱਲੋਂ ਮੌਕਾ ਪਰ ਨਸ਼ਟ ਕੀਤੀ ਗਈ ਹੈ।